ਮਾਰੂ ਮਹਲਾ ੫ ॥ ਤ੍ਰਿਪਤਿ ਆਘਾਏ ਸੰਤਾ ॥ ਗੁਰ ਜਾਨੇ ਜਿਨ ਮੰਤਾ ॥ ਤਾ ਕੀ ਕਿਛੁ ਕਹਨੁ ਨ ਜਾਈ ॥ ਜਾ ਕਉ ਨਾਮ ਬਡਾਈ ॥ ੧॥ ਲਾਲੁ ਅਮੋਲਾ ਲਾਲੋ ॥ ਅਗਹ ਅਤੋਲਾ ਨਾਮੋ ॥ ੧॥ ਰਹਾਉ ॥ ਅਵਿਗਤ ਸਿਉ ਮਾਨਿਆ ਮਾਨੋ ॥ ਗੁਰਮੁਖਿ ਤਤੁ ਗਿਆਨੋ ॥ ਪੇਖਤ ਸਗਲ ਧਿਆਨੋ ॥ ਤਜਿਓ ਮਨ ਤੇ ਅਭਿਮਾਨੋ ॥੨॥ ਨਿਹਚਲੁ ਤਿਨ ਕਾ ਠਾਣਾ ॥ ਗੁਰ ਤੇ ਮਹਲੁ ਪਛਾਣਾ ॥ ਅਨਦਿਨੁ ਗੁਰ ਮਿਲਿ ਜਾਗੇ ॥ ਹਰਿ ਕੀ ਸੇਵਾ ਲਾਗੇ ॥ ੩॥ ਪੂਰਨ ਤ੍ਰਿਪਤਿ ਅਘਾਏ ॥ ਸਹਜ ਸਮਾਧਿ ਸੁਭਾਏ ॥ ਹਰਿ ਭੰਡਾਰੁ ਹਾਥਿ ਆਇਆ ॥ ਨਾਨਕ ਗੁਰ ਤੇ ਪਾਇਆ ॥੪॥੭॥੨੩॥ {ਪੰਨਾ 1006}

ਪਦਅਰਥ:- ਤ੍ਰਿਪਤਿ—ਰੱਜ, ਰਜੇਵਾਂ। ਅਘਾਏ—ਰੱਜ ਗਏ। ਤ੍ਰਿਪਤਿ ਅਘਾਏ—ਪੂਰਨ ਤੌਰ ਤੇ ਰੱਜ ਜਾਂਦੇ ਹਨ। ਗੁਰ...ਮੰਤਾ—ਜਿਨ ਗੁਰ ਮੰਤਾ ਜਾਨੇ, ਜਿਨ੍ਹਾਂ ਨੇ ਗੁਰੂ ਦੇ ਉਪਦੇਸ਼ ਨਾਲ ਡੂੰਘੀ ਸਾਂਝ ਪਾ ਲਈ। ਤਾ ਕੀ—ਉਹਨਾਂ (ਮਨੁੱਖਾਂ) ਦੀ। ਨਾਮ ਬਡਾਈ—ਨਾਮ ਜਪਣ ਦੀ ਇੱਜ਼ਤ (ਮਿਲੀ)।1।

ਅਮੋਲਾ—ਜਿਹੜਾ ਕਿਸੇ ਭੀ ਕੀਮਤ ਤੋਂ ਨਾਹ ਮਿਲ ਸਕੇ। ਅਗਹ—{ਅ-ਗਹ} ਜਿਹੜਾ ਪਕੜ ਵਿਚ ਨਾਹ ਆ ਸਕੇ। ਅਤੋਲਾ—ਜਿਸ ਦੇ ਬਰਾਬਰ ਦੀ ਹੋਰ ਕੋਈ ਸ਼ੈ ਨਹੀਂ। ਨਾਮੋ—ਨਾਮ।1। ਰਹਾਉ।

ਅਵਿਗਤ—{AÒX#q} ਅਦ੍ਰਿਸ਼ਟ। ਸਿਉ—ਨਾਲ। ਮਾਨੋ—ਮਨੁ, ਮਨ। ਗੁਰਮੁਖਿ—ਗੁਰੂ ਦੀ ਰਾਹੀਂ। ਤਤੁ—ਅਸਲੀਅਤ। ਗਿਆਨੋ—ਆਤਮਕ ਜੀਵਨ ਦੀ ਸੂਝ। ਪੇਖਤ ਸਗਲ—ਸਭ ਨੂੰ ਵੇਖਦਿਆਂ, ਸਭਨਾਂ ਨਾਲ ਮੇਲ-ਮਿਲਾਪ ਰੱਖਦਿਆਂ। ਤੇ—ਤੋਂ।2।

ਠਾਣਾ—ਥਾਂ, ਆਤਮਕ ਟਿਕਾਣਾ। ਨਿਹਚਲੁ—ਨਾਹ ਹਿਲਣ ਵਾਲਾ। ਮਹਲੁ—ਪਰਮਾਤਮਾ ਦੀ ਹਜ਼ੂਰੀ। ਪਛਾਣਾ—ਸਾਂਝ ਪਾ ਲਈ। ਅਨਦਿਨੁ—ਹਰ ਰੋਜ਼, ਹਰ ਵੇਲੇ। ਗੁਰਿ ਮਿਲਿ—ਗੁਰੂ ਨੂੰ ਮਿਲ ਕੇ। ਜਾਗੇ—ਮਾਇਆ ਦੇ ਮੋਹ ਦੀ ਨੀਂਦ ਤੋਂ ਸੁਚੇਤ ਹੋ ਗਏ।3।

ਸਹਜ—ਆਤਮਕ ਅਡੋਲਤਾ। ਸੁਭਾਏ—ਸੁਭਾਇ, ਪ੍ਰੇਮ ਵਿਚ (ਟਿਕੇ ਹੋਏ)। ਹਾਥਿ—ਹੱਥ ਵਿਚ।4।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਇਕ ਐਸਾ ਲਾਲ ਹੈ ਜਿਹੜਾ ਕਿਸੇ (ਦੁਨੀਆਵੀ) ਕੀਮਤ ਤੋਂ ਨਹੀਂ ਮਿਲਦਾ, ਜਿਹੜਾ (ਆਸਾਨੀ ਨਾਲ) ਫੜਿਆ ਨਹੀਂ ਜਾ ਸਕਦਾ, ਜਿਸ ਦੇ ਬਰਾਬਰ ਦੀ ਹੋਰ ਕੋਈ ਚੀਜ਼ ਨਹੀਂ।1। ਰਹਾਉ।

ਹੇ ਭਾਈ! ਜਿਨ੍ਹਾਂ ਸੰਤ ਜਨਾਂ ਨੇ ਗੁਰੂ ਦੇ ਉਪਦੇਸ਼ ਨਾਲ ਡੂੰਘੀ ਸਾਂਝ ਪਾ ਲਈ, ਉਹ (ਅਮੋਲਕ ਨਾਮ-ਲਾਲ ਵਿਹਾਝ ਕੇ ਮਾਇਆ ਵਲੋਂ) ਪੂਰਨ ਤੌਰ ਤੇ ਰੱਜ ਗਏ। ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਜਪਣ ਦੀ ਵਡਿਆਈ ਪ੍ਰਾਪਤ ਹੋ ਜਾਂਦੀ ਹੈ ਉਹਨਾਂ ਦੀ (ਆਤਮਕ ਅਵਸਥਾ ਇਤਨੀ ਉੱਚੀ ਬਣ ਜਾਂਦੀ ਹੈ ਕਿ) ਬਿਆਨ ਨਹੀਂ ਕੀਤੀ ਜਾ ਸਕਦੀ।1।

ਹੇ ਭਾਈ! (ਜਿਨ੍ਹਾਂ ਨੂੰ ਨਾਮ-ਲਾਲ ਪ੍ਰਾਪਤ ਹੋ ਗਿਆ) ਅਦ੍ਰਿਸ਼ਟ ਪਰਮਾਤਮਾ ਨਾਲ ਉਹਨਾਂ ਦਾ ਮਨ ਪਤੀਜ ਗਿਆ, ਗੁਰੂ ਦੀ ਸਰਨ ਪੈ ਕੇ ਉਹਨਾਂ ਨੂੰ ਅਸਲੀ ਆਤਮਕ ਜੀਵਨ ਦੀ ਸੂਝ ਪ੍ਰਾਪਤ ਹੋ ਗਈ। ਸਾਰੇ ਜਗਤ ਨਾਲ ਮੇਲ-ਮਿਲਾਪ ਰੱਖਦਿਆਂ ਉਹਨਾਂ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਰਹਿੰਦੀ ਹੈ, ਉਹ ਆਪਣੇ ਮਨ ਤੋਂ ਅਹੰਕਾਰ ਦੂਰ ਕਰ ਲੈਂਦੇ ਹਨ।2।

ਹੇ ਭਾਈ! (ਜਿਨ੍ਹਾਂ ਨੂੰ ਨਾਮ-ਲਾਲ ਮਿਲ ਗਿਆ) ਉਹਨਾਂ ਦਾ ਆਤਮਕ ਟਿਕਾਣਾ ਅਟੱਲ ਹੋ ਜਾਂਦਾ ਹੈ (ਉਹਨਾਂ ਦਾ ਮਨ ਮਾਇਆ ਵਲ ਡੋਲਣੋਂ ਹਟ ਜਾਂਦਾ ਹੈ), ਉਹ ਮਨੁੱਖ ਗੁਰੂ ਪਾਸੋਂ (ਸਿੱਖਿਆ ਲੈ ਕੇ) ਪ੍ਰਭੂ-ਚਰਨਾਂ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ। ਗੁਰੂ ਨੂੰ ਮਿਲ ਕੇ (ਗੁਰੂ ਦੀ ਸਰਨ ਪੈ ਕੇ) ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ

ਰਹਿੰਦੇ ਹਨ, ਤੇ, ਸਦਾ ਪਰਮਾਤਮਾ ਦੀ ਸੇਵਾ-ਭਗਤੀ ਵਿਚ ਲੱਗੇ ਰਹਿੰਦੇ ਹਨ।3।

ਹੇ ਭਾਈ! (ਜਿਨ੍ਹਾਂ ਨੂੰ ਨਾਮ-ਲਾਲ ਮਿਲ ਜਾਂਦਾ ਹੈ) ਉਹ ਮਾਇਆ ਦੀ ਤ੍ਰਿਸ਼ਨਾ ਵੱਲੋਂ ਪੂਰਨ ਤੌਰ ਤੇ ਰੱਜੇ ਰਹਿੰਦੇ ਹਨ, ਉਹ ਪ੍ਰਭੂ ਦੇ ਪਿਆਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਆਤਮਕ ਅਡੋਲਤਾ ਵਾਲੀ ਸਮਾਧੀ ਬਣੀ ਰਹਿੰਦੀ ਹੈ, (ਕਿਉਂਕਿ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਉਹਨਾਂ ਦੇ ਹੱਥ ਆ ਜਾਂਦਾ ਹੈ।

ਪਰ, ਹੇ ਨਾਨਕ! (ਇਹ ਖ਼ਜ਼ਾਨਾ) ਗੁਰੂ ਪਾਸੋਂ ਹੀ ਮਿਲਦਾ ਹੈ।4।7। 23।